ਨੰ:7/21/2004-ਰਸ1/ 811

ਪੰਜਾਬ ਸਰਕਾਰ
ਭਲਾਈ ਵਿਭਾਗ
(ਰਿਜਰਵੇਸ਼ਨ ਸੈਲ)

ਸੇਵਾ ਵਿਖੇ

1) ਸਮੂਹ ਵਿਭਾਗਾਂ ਦੇ ਮੁਖੀ,
2) ਡਵੀਜ਼ਨਾਂ ਦੇ ਕਮਿਸ਼ਨਰ,
3) ਰਜਿਸਟਰਾਰ ਪੰਜਾਬ ਅਤੇ ਹਰਿਆਣਾ ਹਾਈ-ਕੋਰਟ,
4) ਰਾਜ ਦੇ ਸਾਰੇ ਡਿਪਟੀ ਕਮਿਸ਼ਨਰ।

ਮਿਤੀ,ਚੰਡੀਗੜ੍ਹ 24-6-2010

ਵਿਸ਼ਾ:- ਜਨਰਲ ਮੈਰਿਟ ਵਿੱਚ ਆਏ ਅਨੁਸੂਚਿਤ-ਜਾਤੀ ਦੇ ਵਿਦਿਆਰਥੀਆਂ ਨੂੰ ਸਕੂਲਾਂ, ਕਾਲਜਾਂ,ਤਕਨੀਕੀ,ਮੈਡੀਕਲ ਅਤੇ ਪ੍ਰੋਫੈਸ਼ਨਲ ਸੰਸਥਾਵਾਂ ਵਿੱਚ ਦਾਖਲੇ ਸਮੇਂ ਰਿਜਰਵੇਸ਼ਨ ਅਨੁਸਾਰ ਰਿਜ਼ਰਵ ਕੁਆਟਿਆਂ ਤੇ ਨਾ ਗਿਣਨ ਬਾਰੇ।

***

ਸ੍ਰੀਮਾਨ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਦਾ ਧਿਆਨ ਪੰਜਾਬ ਸਰਕਾਰ ਦੇ ਗਸ਼ਤੀ ਪੱਤਰ ਨੰ:7/21/2004-ਰਸ1/1674-77, ਮਿਤੀ 20-12-04 ਵੱਲ ਦਿਵਾ ਕੇ ਇਹ ਕਹਿਣ ਦੀ ਹਦਾਇਤ ਹੋਈ ਹੈ ਕਿ ਇਸ ਪੱਤਰ ਰਾਹੀਂ ਦਾਖਲਿਆਂ ਸਮੇਂ ਰਿਜ਼ਰਵ ਕੈਟਾਗਰੀ ਨਾਲ ਸਬੰਧਤ ਉਨ੍ਹਾਂ ਵਿਦਿਆਰਥੀਆਂ, ਜਿਹੜੇ ਜਨਰਲ ਲਿਸਟ ਵਿੱਚ ਮੈਰਿਟ ਤੇ ਆਏ ਹੋਣ, ਨੂੰ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਰਿਜ਼ਰਵ ਕੈਟਾਗਰੀ ਦੀ ਲਿਸਟ ਤੋਂ ਬਾਹਰ ਰੱਖੇ ਜਾਣ, ਭਾਵ ਉਨ੍ਹਾਂ ਨੂੰ ਰਿਜ਼ਰਵ ਕੁਆਟਿਆਂ ਤੇ ਨਾ ਗਿਣਨ ਬਾਰੇ ਦੱਸਿਆ ਗਿਆ ਸੀ। ਇਸ ਪੱਤਰ ਰਾਹੀਂ ਇਹ ਵੀ ਸਪੱਸ਼ਟ ਕੀਤਾ ਗਿਆ ਕਿ ਰਾਜ ਦੀਆਂ ਵਿਦਿਅਕ,ਤਕਨੀਕੀ,ਮੈਡੀਕਲ ਅਤੇ ਪ੍ਰੋਫੈਸ਼ਨਲ ਕਾਲਜਾਂ/ ਸੰਸਥਾਵਾਂ ਵਿੱਚ ਦਾਖਲਿਆਂ ਸਮੇਂ ਅਨੁਸੂਚਿਤ-ਜਾਤੀਆਂ ਲਈ 25% ਅਤੇ ਪਛੜੀਆਂ-ਸ਼੍ਰੇਣੀਆਂ ਲਈ 5% ਸੀਟਾਂ ਰਾਖਵੀਆਂ ਕੀਤੀਆਂ ਹੋਈਆਂ ਹਨ।

2. ਇਹ ਆਮ ਵੇਖਣ ਵਿੱਚ ਆਇਆ ਹੈ ਕਿ ਸਕੂਲਾਂ,ਕਾਲਜਾਂ,ਤਕਨੀਕੀ,ਮੈਡੀਕਲ ਅਤੇ ਪ੍ਰੋਫੈਸ਼ਨਲ ਸੰਸਥਾਵਾਂ ਵਿੱਚ ਦਾਖਲੇ ਸਮੇਂ ਰਿਜ਼ਰਵ ਕੈਟਾਗਰੀ ਦੇ ਵਿਦਿਆਰਥੀਆਂ ਨੂੰ ਕੌਂਸਲਿੰਗ ਲਈ ਪਹਿਲਾਂ ਬੁਲਾਇਆ ਜਾਂਦਾ ਹੈ ਅਤੇ ਉਹ ਆਪਣੀ ਕੈਟਾਗਰੀ ਵਿੱਚ ਹੀ ਕੰਪੀਟ ਕਰਦੇ ਹੋਏ ਉਨ੍ਹਾਂ ਦੀ ਮੈਰਿਟ ਪਹਿਲਾਂ ਬਣ ਜਾਂਦੀ ਹੈ ਅਤੇ ਬਾਅਦ ਵਿੱਚ ਜਨਰਲ ਕੈਟਾਗਰੀ ਦੇ ਵਿਦਿਆਰਥੀਆਂ ਨੂੰ ਕੌਂਸਲਿੰਗ ਲਈ ਬੁਲਾਇਆ ਜਾਂਦਾ ਹੈ, ਉਸ ਵਿੱਚ ਕੋਈ ਵੀ ਅਨੁਸੂਚਿਤ-ਜਾਤੀ ਜਾਂ ਪਛੜੀਆਂ-ਸ਼੍ਰੇਣੀਆਂ ਦਾ ਪ੍ਰਾਰਥੀ ਨਹੀਂ ਹੁੰਦਾ, ਨਤੀਜੇ ਵਜੋਂ ਜਿਹੜੇ ਰਿਜ਼ਰਵ ਕੈਟਾਗਰੀ ਦੇ ਵਿਦਿਆਰਥੀ ਜਨਰਲ ਕੈਟਾਗਰੀ ਦੇ ਵਿਦਿਆਰਥੀਆਂ ਨਾਲੋਂ ਵੱਧ ਮੈਰਿਟ ਲੈ ਜਾਂਦੇ ਹਨ, ਉਨ੍ਹਾਂ ਨੂੰ ਜਨਰਲ ਕੈਟਾਗਰੀ ਦੇ ਵਿਦਿਆਰਥੀਆਂ ਦੀ ਮੈਰਿਟ ਵਿੱਚ ਨਹੀਂ ਗਿਣਿਆ ਜਾਂਦਾ, ਸਗੋਂ ਰਿਜ਼ਰਵ ਕੈਟਾਗਰੀ ਦੀ ਮੈਰਿਟ ਵਿੱਚ ਗਿਣਿਆ ਜਾਂਦਾ ਹੈ, ਜਿਸ ਕਰਕੇ ਰਿਜ਼ਰਵ ਕੈਟਾਗਰੀ ਦੇ ਵਿਦਿਆਰਥੀਆਂ ਨੂੰ ਨੁਕਸਾਨ ਹੋ ਰਿਹਾ ਹੈ। ਇਸ ਲਈ ਸਰਕਾਰ ਵਲੋਂ ਇਸ ਮਾਮਲੇ ਨੂੰ

ਬਾਕੀ ਪੰਨਾ....(2).

ਗੰਭੀਰਤਾ ਨਾਲ ਵਿਚਾਰਿਆ ਗਿਆ ਅਤੇ ਫੈਸਲਾ ਕੀਤਾ ਗਿਆ ਕਿ ਦਾਖਲਿਆਂ ਵਿੱਚ ਪਹਿਲਾਂ ਐਡਜਸਟਮੈਂਟ ਜਨਰਲ ਕੈਟਾਗਰੀ ਦੇ ਵਿਦਿਆਰਥੀਆਂ ਦੀ ਕੀਤੀ ਜਾਵੇ ਜਿਸ ਵਿੱਚ ਅਨੁਸੂਚਿਤ-ਜਾਤੀ ਦੇ ਵਿਦਿਆਰਥੀਆਂ ਨੂੰ ਵੀ ਸ਼ਾਮਲ ਕੀਤਾ ਜਾਵੇ, ਤਾਂ ਕਿ ਉਹਨਾਂ ਵਿਚੋਂ ਜੋ ਮੈਰਿਟ ਤੇ ਕੰਪੀਟ ਕਰਦੇ ਹਨ, ਉਹਨਾਂ ਨੂੰ ਜਨਰਲ ਟਰੀਟ ਕੀਤਾ ਜਾਵੇ ਅਤੇ ਬਾਅਦ ਵਿੱਚ ਬਚੀ ਸੀਟ ਰਿਜ਼ਰਵ ਕੈਟਾਗਰੀ ਦੇ ਵਿਦਿਆਰਥੀਆਂ ਦੀ ਐਡਜਸਟਮੈਂਟ ਕੀਤੀ ਜਾਵੇ, ਤਾਂ ਜੋ ਰਿਜ਼ਰਵ ਕੈਟਾਗਰੀ ਦੇ ਵਿਦਿਆਰਥੀਆਂ ਨੂੰ ਨਿਯਮਾਂ ਅਨੁਸਾਰ ਰਾਖਵੇਂਕਰਨ ਦਾ ਪੂਰਾ ਲਾਭ ਮਿਲ ਸਕੇ।

3. ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।

ਵਿਸ਼ਵਾਸਪਾਤਰ,

ਸੰਯੁਕਤ ਸਕੱਤਰ, ਭਲਾਈ

ਇਸ ਦਾ ਇਕ ਉਤਾਰਾ ਰਾਜ ਦੇ ਸਮੂਹ ਵਿੱਤੀ ਕਮਿਸ਼ਨਰਾਂ, ਪ੍ਰਮੁੱਖ ਸਕੱਤਰਾਂ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਲਈ ਭੇਜਿਆ ਜਾਂਦਾ ਹੈ।

ਸੰਯੁਕਤ ਸਕੱਤਰ ਭਲਾਈ

ਸੇਵਾ ਵਿਖੇ,

1) ਰਾਜ ਦੇ ਸਮੂਹ ਵਿੱਤੀ ਕਮਿਸ਼ਨਰ।
2) ਰਾਜ ਦੇ ਸਮੂਹ ਪ੍ਰਮੁੱਖ ਸਕੱਤਰ।
3) ਰਾਜ ਦੇ ਸਮੂਹ ਪ੍ਰਬੰਧਕੀ ਸਕੱਤਰ।

ਅ: ਵਿ: ਪ: ਨੰ: 7/21/2004-ਰਸ1/ 812 ਮਿਤੀ, ਚੰਡੀਗੜ੍ਹ: 24-6-2010

ਪਿਠਅੰਕਣ ਨੰ: 7/21/2004-ਰਸ1/ 813 ਮਿਤੀ, ਚੰਡੀਗੜ੍ਹ: 24-6-2010

ਇਸ ਦਾ ਇਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਲਈ ਭੇਜਿਆ ਜਾਂਦਾ ਹੈ:-

1) ਵਾਈਸ ਚਾਂਸਲਰ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ।
2) ਵਾਈਸ ਚਾਂਸਲਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ।
3) ਵਾਈਸ ਚਾਂਸਲਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ।
4) ਵਾਈਸ ਚਾਂਸਲਰ, ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ।
5) ਵਾਈਸ ਚਾਂਸਲਰ, ਟੈਕਨੀਕਲ ਯੂਨੀਵਰਸਿਟੀ, ਜਲੰਧਰ।
6) ਵਾਈਸ ਚਾਂਸਲਰ, ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼, ਫਰੀਦਕੋਟ।
7) ਵਾਈਸ ਚਾਂਸਲਰ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ, ਜਲੰਧਰ।
8) ਵਾਈਸ ਚਾਂਸਲਰ, ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸ ਯੂਨੀਵਰਸਿਟੀ, ਲੁਧਿਆਣਾ।
9) ਸਕੱਤਰ, ਪੰਜਾਬ ਸਟੇਟ ਬੋਰਡ ਆਫ ਟੈਕਨੀਕਲ ਐਜੂਕੇਸ਼ਨ ਐਂਡ ਇੰਡਸਟਰੀਅਲ ਟਰੇਨਿੰਗ, ਸੈਕਟਰ-36ਏ, ਚੰਡੀਗੜ੍ਹ।
10) ਵਾਈਸ ਚਾਂਸਲਰ, ਥਾਪਰ ਯੂਨੀਵਰਸਿਟੀ, ਪਟਿਆਲਾ।
11) ਵਾਈਸ ਚਾਂਸਲਰ, ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ ਲਾਅ, ਪਟਿਆਲਾ।

ਸੰਯੁਕਤ ਸਕੱਤਰ ਭਲਾਈ

ਪਿਠਅੰਕਣ ਨੰ: 7/21/2004-ਰਸ1/ 814 ਮਿਤੀ, ਚੰਡੀਗੜ੍ਹ: 24-6-2010

ਇਸ ਦਾ ਇਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਲਈ ਭੇਜਿਆ ਜਾਂਦਾ ਹੈ:-

1) ਡਾਇਰੈਕਟਰ, ਅ: ਜਾਤੀਆਂ ਤੇ ਪ: ਸ਼੍ਰੇਣੀਆਂ ਭਲਾਈ ਵਿਭਾਗ, ਪੰਜਾਬ।
2) ਸੀਨੀਅਰ ਸਕੱਤਰ, ਪੰਜਾਬ ਸਟੇਟ ਕਮਿਸ਼ਨ ਫਾਰ ਸ਼ਡਿਊਲਡ ਕਾਸਟਸ, ਕਮਰਾ ਨੰ: 8, ਅੱਠਵੀਂ ਮੰਜ਼ਿਲ (ਪੰਜਾਬ ਸਿਵਲ ਸਕੱਤਰੇਤ) ਚੰਡੀਗੜ੍ਹ।

ਸੰਯੁਕਤ ਸਕੱਤਰ ਭਲਾਈ

ਪਿਠਅੰਕਣ ਨੰ: 7/21/2004-ਰਸ1/ 815 ਮਿਤੀ, ਚੰਡੀਗੜ੍ਹ: 24/6/2010

ਇਸ ਦਾ ਇਕ ਉਤਾਰਾ ਡਾਇਰੈਕਟਰ, ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ ਨੂੰ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਇਹਨਾਂ ਹਦਾਇਤਾਂ ਦੀ ਵਾਈਡ ਪਬਲੀਸਿਟੀ ਕੀਤੀ ਜਾਵੇ।

ਸੰਯੁਕਤ ਸਕੱਤਰ ਭਲਾਈ